# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

**ਮੀਮੋਨੰ:DySPD (PEDB)/2021/ 125074** **ਮਿਤੀ:09.04.2021**

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਨੋਟੀਫਿਕੇਸ਼ਨ ਨ °2/14/2020-2edu3/2020487/1, ਮਿਤੀ 27.05.2020 ਰਾਹੀਂ ਅਧਿਆਪਕ ਦੀ Non teaching Staff Transfer Policy-2020 ਜਾਰੀ ਕੀਤੀ ਗਈ ਸੀ।

2.0 ਸਾਲ 2021-22 ਦੌਰਾਨ ਜੋ ਸਿੱਖਿਆ ਵਿਭਾਗ ਅਧੀਨ ਕੰਮ ਕਰ ਰਿਹਾ ਨਾਨ ਟੀਚਿੰਗ ਸਟਾਫ (ਸੁਪਰਡੰਟ, ਸੀਨੀਅਰ ਸਹਾਇਕ, ਜੂਨੀਅਰ ਸਹਾਇਕ, ਕਲਰਕ, ਐਸ.ਐਲ.ਏ, ਲਾਇਬ੍ਰੇਰਿਅਨ, ਸਹਾਇਕ ਲਾਇਬ੍ਰੇਰਿਅਨ, ਲਾਇਬਰੇਰੀ ਰਿਸਟੋਰਰ) ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਆਪਣੇ ਵੇਰਵੇ ਜਿਵੇਂ ਕਿ General Details, Service Record ਮਿਤੀ 10.04.2021 ਤੋਂ 17.04.2021 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

3.0 ਦਰਖਾਸਤਕਰਤਾਵਾਂ ਵੱਲੋਂ ਆਪਣੀ ਪ੍ਰਤੀ ਬੇਨਤੀਆਂ ਸਬੰਧੀ ਵੱਖ-ਵੱਖ Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:

(iv) Update General Details

(v) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

4.0 ਦਰਖਾਸਤਕਰਤਾ ਜਿਨ੍ਹਾਂ ਨੇ ਵੱਖ-ਵੱਖ ਜੋਨਾਂ ਵਿੱਚ ਸੇਵਾ ਕੀਤੀ ਹੈ ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-ਵੱਖ ਜੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ।Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਵਿਚਾਰਿਆ ਜਾਵੇਗਾ।

5.0 ਬਦਲੀ ਸਬੰਧੀ ਦਰਖਾਸਤਾ ਵਿੱਚ ਭਰੇ ਗਏ ਡਾਟਾ ਨੂੰ Approve Data ਦਾ ਬਟਨ ਕਲਿੱਕ ਕਰਨ ਤੋਂ ਬਾਅਦ ਵੀ ਅੰਤਿਮ ਮਿਤੀ 17.04.2021 ਤੱਕ Data Editting ਜਿੰਨੀ ਵਾਰ ਮਰਜੀ ਕੀਤੀ ਜਾ ਸਕੇਗੀ। ਪਰੰਤੂ ਅੰਤਿਮ ਮਿਤੀ ਉਪਰੰਤ ਡਾਟਾ ਵਿੱਚ ਕੋਈ ਤਬਦੀਲੀ ਨਹੀਂ ਹੋ ਸਕੇਗੀ।

6.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

7.0 ਅਜਿਹੇ ਦਰਖਾਸਤਕਰਤਾ ਜਿੰਨਾਂ ਦੀ ਸ਼ਿਕਾਇਤ/ਪ੍ਰਬੰਧਕੀ ਅਧਾਰ ਤੇ ਬਦਲੀ ਕੀਤੇ ਜਾਣ ਉਪਰੰਤ ਮੌਜੂਦਾ ਤੈਨਾਤੀ ਵਾਲੇ ਸਥਾਨ ਤੇ 3 ਸਾਲ ਦਾ ਸਮਾਂ ਪੂਰਾ ਨਹੀਂ ਹੋਇਆ ਉਨ੍ਹਾਂ ਨੂੰ ਬਦਲੀ ਲਈ ਵਿਚਾਰਿਆ ਨਹੀਂ ਜਾਵੇਗਾ।

8.0 Special Category ਅਧੀਨ ਅਪਲਾਈ ਕਰਨ ਵਾਲੇ ਦਰਖਾਸਤਕਰਤਾ ਵੱਲੋਂ ਆਪਣੀ Category ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ Special Category ਅਧੀਨ ਨਹੀਂ ਵਿਚਾਰਿਆ ਜਾਵੇਗਾ।

9.0 ਵੱਖ-ਵੱਖ ਗੇੜ ਦੀਆਂ ਬਦਲੀਆਂ ਲਈ ਦਰਖਾਸਤਕਰਤਾ ਤੋਂ ਵਾਰ-ਵਾਰ ਡਾਟਾ ਨਹੀਂ ਭਰਵਾਇਆ ਜਾਵੇਗਾ, ਬਦਲੀ ਲਈ ਡਾਟਾ ਕੇਵਲ ਮਿਤੀ 10.04.2021 ਤੋਂ 17.04.2021 ਤੱਕ ਹੀ ਭਰਿਆ ਜਾ ਸਕੇਗਾ, ਇਸ ਉਪਰੰਤ ਕੋਈ ਦਰਖਾਸਤ ਨਹੀਂ ਲਈ ਜਾਵੇਗੀ। ਇਸ ਡਾਟਾ ਅਤੇ Station Choice ਦੇ ਅਧਾਰ ਤੇ ਹੀ ਵੱਖ-ਵੱਖ ਗੇੜ ਦੀਆਂ ਬਦਲੀਆਂ ਪਾਲਿਸੀ ਅਨੁਸਾਰ ਕੀਤੀਆਂ ਜਾਣਗੀਆਂ।

10.0 Station Choiceਕਰਨ ਲਈ ਵੱਖਰੇ ਤੌਰ ਤੇ ਜਨਤਕ ਸੂਚਨਾਂ ਜਾਰੀ ਕੀਤੀ ਜਾਵੇਗੀ।

11.0 **ਇਥੇ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਬਦਲੀ ਲਈ Station Choice ਕੇਵਲ ਉਨ੍ਹਾਂ ਦਰਖਾਸਤਕਰਤਾਵਾਂ ਤੋਂ ਲਈ ਜਾਵੇਗੀ ਜਿੰਨਾਂ ਦੇ ਵੇਰਵੇ ਸਹੀ ਪਾਏ ਜਾਣਗੇ।**

12.0 **ਕਿਉਂ ਜੋ ਨਾਨ ਟੀਚਿੰਗ ਸਟਾਫ ਦੀ ਬਦਲੀਆਂ ਦੀ ਪਾਲਿਸੀ ਦਾ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ, ਇਸ ਲਈ ਪਿਛਲੇ ਸਮੇਂ ਦੌਰਾਨ ਨਾਨ ਟੀਚਿੰਗ ਸਟਾਫ ਦੀਆਂ ਜੋ ਬੇਨਤੀਆਂ ਇਸ ਦਫਤਰ ਨੂੰ ਪ੍ਰਾਪਤ ਹੋਇਆਂ ਹਨ ਅਤੇ ਲੰਬਿਤ ਆਵਸਥਾ ਵਿੱਚ ਹਨ, ਉਸ ਸਾਰੀਆਂ ਬੇਨਤੀਆਂ ਦਾਖਲ ਦਫਤਰ ਕੀਤੀਆਂ ਜਾਂਦੀਆਂ ਹਨ।**

13.0 ਜੇਕਰ ਕਿਸੇ ਦਰਖਾਸਤਕਰਤਾ ਨੂੰ ਬਦਲੀ ਲਈ ਆਨ ਲਾਇਨ ਬੇਨਤੀ ਕਰਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

**ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ।**